# ਵਰਲਡ ਪੰਜਾਬੀ ਟਾਈਮਜ਼
# WORLD PUNJABI TIMES

A Punjabi News Protal & Epaper From Winnipeg, Canada

Visit us at : www.worldpunjabitimes.com

Mob: 7973333573, +1 (418) 887-0162, +1 (431) 458-6922

ਮੁੱਖ ਸੰਪਾਦਕ : ਡਾ. ਸੁਰਜੀਤ ਸਿੰਘ   ਸਹਿ ਸੰਪਾਦਕ: ਨਵਜੋਤ ਬਿਲਿੰਗ   ਬਿਊਰੋ ਚੀਫ ਕੈਨੇਡਾ : ਅਮਰਜੀਤ ਸਿੰਘ ਬਾਵਾ   ਬਿਊਰੋ ਚੀਫ ਭਾਰਤ : ਗਗਨਦੀਪ ਗਿੱਲ

Epaper World Punjabi Times   18 ਜੁਲਾਈ 2026 ਦਿਨ ਸ਼ਨੀਵਾਰ   ਈ-ਪੇਪਰ ਵਰਲਡ ਪੰਜਾਬੀ ਟਾਈਮਜ਼


## ਜਿੱਥੇ ਕਦੇ ਖਾਲੀ ਜ਼ਮੀਨ ਪਈ ਸੀ, ਅੱਜ ਉੱਥੇ ਹੋ ਰਹੇ ਹਨ ਨੌਜਵਾਨਾਂ ਦੇ ਸੁਪਨੇ ਸਾਕਾਰ

### ਐਚਐਮਈਐਲ ਦੀ ਪਹਿਲ ਨਾਲ ਪਿੰਡ ਗਿਆਨਾ ਵਿੱਚ ਬਣੇ ਜਿਮ ਅਤੇ ਆਧੁਨਿਕ ਲਾਇਬ੍ਰੇਰੀ ਬਦਲ ਰਹੇ ਨੇ ਨੌਜਵਾਨਾਂ ਦੀ ਜ਼ਿੰਦਗੀ

ਵਰਲਡ ਪੰਜਾਬੀ ਟਾਈਮਜ਼ ਗੁਰਪ੍ਰੀਤ ਚਹਿਲ



ਬਠਿੰਡਾ,18 ਜੁਲਾਈ : ਸ਼ਾਮ ਢਲਦੇ ਹੀ ਪਿੰਡ ਗਿਆਨਾ ਦੀ ਪੰਚਾਇਤੀ ਲਾਇਬ੍ਰੇਰੀ ਵਿੱਚ ਕਿਤਾਬਾਂ ਦੇ ਸਫ਼ੇ ਪਲਟਣ ਦੀਆਂ ਆਵਾਜ਼ਾਂ ਗੂੰਜਣ ਲੱਗ ਪੈਂਦੀਆਂ ਹਨ। ਕੋਈ ਐੱਸਐੱਸਸੀ ਸੀਜੀਐੱਲ ਦੀ ਤਿਆਰੀ ਕਰ ਰਿਹਾ ਹੈ, ਕੋਈ ਬੈਂਕਿੰਗ ਪ੍ਰੀਖਿਆ ਦੀ, ਤਾਂ ਕੋਈ ਅਧਿਆਪਕ ਬਣਨ ਜਾਂ ਅਗਨੀਵੀਰ ਵਜੋਂ ਭਾਰਤੀ ਫੌਜ ਵਿੱਚ ਭਰਤੀ ਹੋਣ ਦਾ ਸੁਪਨਾ ਲੈ ਕੇ ਪੜ੍ਹਾਈ ਵਿੱਚ ਜੁਟਿਆ ਹੋਇਆ ਹੈ। ਨੇੜੇ ਹੀ ਬਣੇ ਜਿਮ ਵਿੱਚ ਕੁਝ ਨੌਜਵਾਨ ਕਸਰਤ ਕਰਦੇ ਹੋਏ ਪਸੀਨਾ ਬਹਾ ਰਹੇ ਹਨ। ਕੁਝ ਸਮੇਂ ਬਾਅਦ ਇਹੀ ਨੌਜਵਾਨ ਕਿਤਾਬਾਂ ਹੱਥ ਵਿੱਚ ਲੈ ਕੇ ਲਾਇਬ੍ਰੇਰੀ ਵਿੱਚ ਬੈਠ ਜਾਂਦੇ ਹਨ।  ਪਿੰਡ ਵਿੱਚ ਆਇਆ ਇਹ ਬਦਲਾਅ ਅਚਾਨਕ ਨਹੀਂ ਆਇਆ। ਇਸ ਦੇ ਪਿੱਛੇ ਐਚਐਮਈਐਲ ਦੀ ਗੁਰੂ ਗੋਬਿੰਦ ਸਿੰਘ ਰਿਫਾਈਨਰੀ ਦੀ ਇੱਕ ਅਜਿਹੀ ਪਹਿਲ ਹੈ, ਜਿਸ ਨੇ ਨੌਜਵਾਨਾਂ ਨੂੰ ਇੱਕ ਵਧੀਆ ਥਾਂ, ਅਨੁਕੂਲ ਮਾਹੌਲ ਅਤੇ ਆਪਣੇ ਸੁਪਨੇ ਪੂਰੇ ਕਰਨ ਲਈ ਸਹੀ ਦਿਸ਼ਾ ਦਿੱਤੀ।

ਅੱਜ ਪਿੰਡ ਵਿੱਚ ਬਣਿਆ ਜਿਮ ਅਤੇ ਆਧੁਨਿਕ ਸਹੂਲਤਾਂ ਨਾਲ ਲੈਸ ਪੰਚਾਇਤੀ ਲਾਇਬ੍ਰੇਰੀ ਨੌਜਵਾਨਾਂ ਦੇ ਸੁਪਨਿਆਂ ਦਾ ਕੇਂਦਰ ਬਣ ਚੁੱਕੇ ਹਨ। ਇੱਥੇ ਪੜ੍ਹਾਈ ਕਰਕੇ ਮਜ਼ਦੂਰ ਪਰਿਵਾਰਾਂ ਨਾਲ ਸੰਬੰਧਤ ਤਿੰਨ ਨੌਜਵਾਨ ਸਰਕਾਰੀ ਨੌਕਰੀਆਂ ਹਾਸਲ ਕਰਨ ਵਿੱਚ ਕਾਮਯਾਬ ਹੋਏ ਹਨ। ਜੀਵਨ ਸਿੰਘ ਸਰਕਾਰੀ ਪ੍ਰਾਇਮਰੀ ਅਧਿਆਪਕ ਬਣੇ, ਸੁਖਵਿੰਦਰ ਸਿੰਘ ਪੰਜਾਬ ਪੁਲਿਸ ਵਿੱਚ ਭਰਤੀ ਹੋਏ ਅਤੇ ਉਨ੍ਹਾਂ ਦੇ ਭਰਾ ਗੁਰਲਾਲ ਸਿੰਘ ਭਾਰਤੀ ਫੌਜ ਵਿੱਚ ਸ਼ਾਮਲ ਹੋਏ। ਇਨ੍ਹਾਂ ਸਫਲਤਾਵਾਂ ਨੇ ਪਿੰਡ ਦੇ ਹੋਰ ਨੌਜਵਾਨਾਂ ਵਿੱਚ ਵੀ ਇਹ ਵਿਸ਼ਵਾਸ ਜਗਾਇਆ ਹੈ ਕਿ ਜੇ ਮਿਹਨਤ ਨੂੰ ਸਹੀ ਮਾਹੌਲ ਮਿਲੇ ਤਾਂ ਮੰਜ਼ਿਲ ਦੂਰ ਨਹੀਂ ਰਹਿੰਦੀ।

ਖਾਲੀ ਪਈ ਜ਼ਮੀਨ ਤੋਂ ਸ਼ੁਰੂ ਹੋਈ ਬਦਲਾਅ ਦੀ ਕਹਾਣੀ

ਪਿੰਡ ਦੇ ਨੌਜਵਾਨ ਗੁਰਮੀਤ ਸਿੰਘ ਨੇ ਦੱਸਿਆ ਕਿ ਸਾਲ 2022-23 ਵਿੱਚ ਐਚਐਮਈਐਲ ਨੇ ਪਿੰਡ ਦੇ ਯੂਥ ਕਲੱਬ ਨਾਲ ਮਿਲ ਕੇ ਖਾਲੀ ਪਈ ਪੰਚਾਇਤੀ ਜ਼ਮੀਨ ਨੂੰ ਵਿਕਸਤ ਕਰਨ ਦੀ ਪਹਿਲ ਕੀਤੀ। ਜ਼ਮੀਨ ਦੀ ਚਾਰਦੀਵਾਰੀ ਕਰਕੇ ਉੱਥੇ ਬਣੇ ਪੁਰਾਣੇ ਕਮਰੇ ਦੀ ਮੁਰੰਮਤ ਕੀਤੀ ਗਈ ਅਤੇ ਆਧੁਨਿਕ ਮਸ਼ੀਨਾਂ ਨਾਲ ਲੈਸ ਜਿਮ ਸਥਾਪਤ ਕੀਤਾ ਗਿਆ। ਇਸ ਦੇ ਨਾਲ ਹੀ ਪੰਚਾਇਤ ਦੇ ਸਹਿਯੋਗ ਨਾਲ ਲਾਇਬ੍ਰੇਰੀ ਲਈ ਫਰਨੀਚਰ, ਕੂਲਰ, ਬੁੱਕ ਰੈਕ ਅਤੇ ਹੋਰ ਲੋੜੀਂਦੀਆਂ ਸਹੂਲਤਾਂ ਵੀ ਮੁਹੱਈਆ ਕਰਵਾਈਆਂ ਗਈਆਂ।

ਸ਼ੁਰੂ ਵਿੱਚ ਨੌਜਵਾਨ ਸਿਰਫ਼ ਕਸਰਤ ਕਰਨ ਲਈ ਜਿਮ ਆਉਂਦੇ ਸਨ। ਪਰ ਨੇੜੇ ਹੀ ਬਣੀ ਸ਼ਾਂਤ ਅਤੇ ਸੁਵਿਧਾਜਨਕ ਲਾਇਬ੍ਰੇਰੀ ਨੇ ਉਨ੍ਹਾਂ ਨੂੰ ਪੜ੍ਹਾਈ ਵੱਲ ਵੀ ਆਕਰਸ਼ਿਤ ਕੀਤਾ। ਹੌਲੀ-ਹੌਲੀ ਜਿਮ ਤੋਂ ਬਾਅਦ ਲਾਇਬ੍ਰੇਰੀ ਵਿੱਚ ਬੈਠ ਕੇ ਪੜ੍ਹਨਾ ਉਨ੍ਹਾਂ ਦੀ ਰੋਜ਼ਾਨਾ ਦੀ ਰੁਟੀਨ ਬਣ ਗਿਆ। ਕਿਸੇ ਨੇ ਆਨਲਾਈਨ ਕਲਾਸਾਂ ਲਗਾਉਣੀਆਂ ਸ਼ੁਰੂ ਕੀਤੀਆਂ, ਤਾਂ ਕਿਸੇ ਨੇ ਇੱਥੇ ਉਪਲਬਧ ਪੰਜਾਬੀ ਸਾਹਿਤ ਅਤੇ ਵਿਆਕਰਨ ਦੀਆਂ ਕਿਤਾਬਾਂ ਨਾਲ ਮੁਕਾਬਲੇ ਦੀਆਂ ਪ੍ਰੀਖਿਆਵਾਂ ਦੀ ਤਿਆਰੀ ਸ਼ੁਰੂ ਕਰ ਦਿੱਤੀ।

ਮਜ਼ਦੂਰ ਦਾ ਪੁੱਤਰ ਬਣਿਆ ਪਰਿਵਾਰ ਦਾ ਪਹਿਲਾ ਸਰਕਾਰੀ ਅਧਿਆਪਕ

ਜੀਵਨ ਸਿੰਘ ਦੇ ਪਿਤਾ ਦਿਹਾੜੀ-ਮਜ਼ਦੂਰੀ ਕਰਦੇ ਸਨ। ਸੀਮਤ ਸਾਧਨਾਂ ਵਾਲੇ ਪਰਿਵਾਰ ਵਿੱਚ ਅਧਿਆਪਕ ਬਣਨ ਦਾ ਸੁਪਨਾ ਆਸਾਨ ਨਹੀਂ ਸੀ। ਬਾਰ੍ਹਵੀਂ ਤੋਂ ਬਾਅਦ ਉਨ੍ਹਾਂ ਨੇ ਡਾਇਟ ਬਠਿੰਡਾ ਤੋਂ ਈਟੀਟੀ ਕੀਤੀ ਅਤੇ ਗ੍ਰੈਜੂਏਸ਼ਨ ਪੂਰੀ ਕਰਨ ਤੋਂ ਬਾਅਦ ਅਧਿਆਪਕ ਭਰਤੀ ਪ੍ਰੀਖਿਆ ਦੀ ਤਿਆਰੀ ਸ਼ੁਰੂ ਕੀਤੀ। ਘਰ ਵਿੱਚ ਪੜ੍ਹਾਈ ਲਈ ਅਨੁਕੂਲ ਮਾਹੌਲ ਨਾ ਹੋਣ ਕਾਰਨ ਪਿੰਡ ਦੀ ਲਾਇਬ੍ਰੇਰੀ ਹੀ ਉਨ੍ਹਾਂ ਦਾ ਨਿਯਮਤ ਪੜ੍ਹਾਈ ਕੇਂਦਰ ਬਣ ਗਈ। ਜਿਸ ਕਰਕੇ ਉਸਨੂੰ ਸਰਕਾਰੀ ਪ੍ਰਾਇਮਰੀ ਅਧਿਆਪਕ ਦੀ ਨੌਕਰੀ ਮਿਲ ਗਈ।

ਜੀਵਨ ਦੱਸਦੇ ਹਨ, "ਲਾਇਬ੍ਰੇਰੀ ਵਿੱਚ ਮੈਨੂੰ ਸ਼ਾਂਤ ਮਾਹੌਲ ਮਿਲਿਆ। ਇੱਥੇ ਉਪਲਬਧ ਪੰਜਾਬੀ ਸਾਹਿਤ ਅਤੇ ਵਿਆਕਰਨ ਦੀਆਂ ਕਿਤਾਬਾਂ ਨੇ ਟੀਈਟੀ ਦੀ ਤਿਆਰੀ ਵਿੱਚ ਮੇਰੀ ਬਹੁਤ ਮਦਦ ਕੀਤੀ।"

## DBT ਵੱਲੋਂ PAU ਵਿਖੇ DBT-ਪ੍ਰਾਯੋਜਿਤ M.Sc. (Agri) ਮੋਲੀਕਿਊਲਰ ਬਾਇਓਲੋਜੀ ਅਤੇ ਬਾਇਓਟੈਕਨਾਲੋਜੀ ਪ੍ਰੋਗਰਾਮ ਦੀ ਸਮੀਖਿਆ; ਮਾਹਿਰਾਂ ਵੱਲੋਂ ਵਿਭਾਗ ਦੀਆਂ ਪ੍ਰਾਪਤੀਆਂ ਦੀ ਸ਼ਲਾਘਾ

ਵਰਲਡ ਪੰਜਾਬੀ ਟਾਈਮਜ਼

ਲੁਧਿਆਣਾ 18 ਜੁਲਾਈ : ਪੰਜਾਬ ਖੇਤੀਬਾੜੀ ਯੂਨੀਵਰਸਿਟੀ (P A U) ਨੇ ਬਾਇਓਟੈਕਨਾਲੋਜੀ ਵਿਭਾਗ (DBT) ਦੇ ਸਹਿਯੋਗ ਨਾਲ ਚੱਲ ਰਹੇ M.Sc. (Agri) ਮੋਲੀਕਿਊਲਰ ਬਾਇਓਲੋਜੀ ਅਤੇ ਬਾਇਓਟੈਕਨਾਲੋਜੀ ਪ੍ਰੋਗਰਾਮ ਦੀ ਸਮੀਖਿਆ ਲਈ ਵਿਸ਼ੇਸ਼ ਸਲਾਹਕਾਰ ਕਮੇਟੀ ਦੀ ਮੀਟਿੰਗ ਕੀਤੀ। ਇਹ ਮੀਟਿੰਗ ਅੱਜ PAU ਦੇ ਵਾਈਸ-ਚਾਂਸਲਰ ਕਮੇਟੀ ਰੂਮ ਵਿੱਚ ਵਾਈਸ-ਚਾਂਸਲਰ ਡਾ. ਸਤਬੀਰ ਸਿੰਘ ਗੋਸਲ ਦੀ ਪ੍ਰਧਾਨਗੀ ਹੇਠ ਹੋਈ।

ਮੀਟਿੰਗ ਦੀ ਸ਼ੁਰੂਆਤ ਬਾਇਓਟੈਕਨਾਲੋਜਿਸਟ ਡਾ. ਪ੍ਰੀਤੀ ਸ਼ਰਮਾ ਦੇ ਸਵਾਗਤੀ ਭਾਸ਼ਣ ਨਾਲ ਹੋਈ, ਜਿਨ੍ਹਾਂ ਨੇ ਵਿਸ਼ੇਸ਼ ਸਲਾਹਕਾਰ ਕਮੇਟੀ ਦੇ ਮੈਂਬਰਾਂ, ਫੈਕਲਟੀ ਅਤੇ ਗ੍ਰੈਜੂਏਟ ਸਕੂਲ ਆਫ਼ ਐਗਰੀਕਲਚਰਲ ਬਾਇਓਟੈਕਨਾਲੋਜੀ (GSAB) ਦੇ ਵਿਦਿਆਰਥੀਆਂ ਦੀ ਜਾਣ-ਪਛਾਣ ਵੀ ਕਰਵਾਈ।




ਭਾਰਤ ਸਰਕਾਰ ਦੇ ਬਾਇਓਟੈਕਨਾਲੋਜੀ ਵਿਭਾਗ (DBT) ਦੇ ਮਾਹਿਰ ਨੁਮਾਇੰਦੇ ਵਜੋਂ ਡਾ. ਮਨੋਜ ਕੁਮਾਰ ਨੇ ਮੀਟਿੰਗ ਵਿੱਚ ਸ਼ਿਰਕਤ ਕੀਤੀ। ਮੀਟਿੰਗ ਵਿੱਚ PAU ਦੇ ਰਜਿਸਟਰਾਰ ਡਾ. ਰਿਸ਼ੀਪਾਲ ਸਿੰਘ; ਪੰਜਾਬ ਬਾਇਓਟੈਕਨਾਲੋਜੀ ਇਨਕਿਊਬੇਟਰ ਦੇ ਸੀ.ਈ.ਓ. ਡਾ. ਅਜੀਤ ਦੂਆ; ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਪ੍ਰੋਫੈਸਰ ਅਤੇ ਮੁਖੀ ਡਾ. ਪੀ.ਕੇ. ਪਾਟੀ; ਖੇਤੀਬਾੜੀ ਉਦਯੋਗ ਮਾਹਿਰ ਡਾ. ਮਲਵਿੰਦਰ ਸਿੰਘ ਮਲਹੀ; ਡਾ. ਛੁਨੇਜਾ; ਡਾ. ਸਤਿੰਦਰ ਕੌਰ; ਡਾ. ਸੁਰਿੰਦਰ ਸੰਧੂ ਅਤੇ ਕਮੇਟੀ ਦੇ ਹੋਰ ਉੱਘੇ ਮੈਂਬਰ ਸ਼ਾਮਲ ਹੋਏ।

ਡਾ. ਯੋਗੇਸ਼ ਵਿਕਲ ਨੇ DBT-ਪ੍ਰਾਯੋਜਿਤ M.Sc. (Agri) ਮੋਲੀਕਿਊਲਰ ਬਾਇਓਲੋਜੀ ਅਤੇ ਬਾਇਓਟੈਕਨਾਲੋਜੀ ਪ੍ਰੋਗਰਾਮ ਦੀ ਪ੍ਰਗਤੀ, ਪ੍ਰਾਪਤੀਆਂ ਅਤੇ ਭਵਿੱਖ ਦੀ ਰੂਪ-ਰੇਖਾ ਪੇਸ਼ ਕੀਤੀ। ਕਮੇਟੀ ਨੇ ਪ੍ਰੋਗਰਾਮ ਦੇ ਵੱਖ-ਵੱਖ ਪਹਿਲੂਆਂ 'ਤੇ ਵਿਸਤ੍ਰਿਤ ਵਿਚਾਰ-ਵਟਾਂਦਰਾ ਕੀਤਾ ਅਤੇ ਇਸਦੇ ਅਕਾਦਮਿਕ, ਖੋਜ ਅਤੇ ਉਦਯੋਗਿਕ ਸੰਪਰਕਾਂ ਨੂੰ ਹੋਰ ਮਜ਼ਬੂਤ ਕਰਨ ਲਈ ਕੀਮਤੀ ਸੁਝਾਅ ਦਿੱਤੇ। ਮੈਂਬਰਾਂ ਨੇ ਵਿਦਿਆਰਥੀਆਂ ਤੋਂ ਉਨ੍ਹਾਂ ਦੀ ਰਾਏ ਜਾਣਨ ਲਈ ਗੱਲਬਾਤ ਵੀ ਕੀਤੀ ਅਤੇ ਬਾਅਦ ਵਿੱਚ ਵਿਭਾਗ ਦੀਆਂ ਪ੍ਰਯੋਗਸ਼ਾਲਾਵਾਂ ਅਤੇ ਖੋਜ ਸਹੂਲਤਾਂ ਦਾ ਦੌਰਾ ਕੀਤਾ।

ਕਮੇਟੀ ਨੇ ਪੀਏਯੂ ਦੇ ਬਾਇਓਟੈਕਨਾਲੋਜੀ ਵਿਭਾਗ ਦੇ ਸ਼ਾਨਦਾਰ ਯੋਗਦਾਨ ਦੀ ਬਹੁਤ ਸ਼ਲਾਘਾ ਕੀਤੀ, ਇਸਨੂੰ ਖੇਤੀਬਾੜੀ ਬਾਇਓਟੈਕਨਾਲੋਜੀ ਸਿੱਖਿਆ ਅਤੇ ਖੋਜ ਲਈ ਦੇਸ਼ ਦੇ ਮੋਹਰੀ ਕੇਂਦਰਾਂ ਵਿੱਚੋਂ ਇੱਕ ਦੱਸਿਆ।

ਮੈਂਬਰਾਂ ਨੇ ਵਿਭਾਗ ਦੀ ਉੱਚ-ਗੁਣਵੱਤਾ ਵਾਲੀ ਖੋਜ, ਵਿਗਿਆਨਕ ਪ੍ਰਾਪਤੀਆਂ ਅਤੇ ਵਿਦਿਆਰਥੀਆਂ ਦੀਆਂ ਪ੍ਰਾਪਤੀਆਂ ਦੀ ਸ਼ਲਾਘਾ ਕੀਤੀ। ਉਨ੍ਹਾਂ ਨੇ ਜ਼ੋਰ ਦੇ ਕੇ ਕਿਹਾ ਕਿ ਇਨ੍ਹਾਂ ਸਫਲਤਾਵਾਂ ਨੂੰ ਪ੍ਰਿੰਟ, ਇਲੈਕਟ੍ਰਾਨਿਕ ਅਤੇ ਸੋਸ਼ਲ ਮੀਡੀਆ ਰਾਹੀਂ ਵਿਆਪਕ ਤੌਰ 'ਤੇ ਪ੍ਰਸਾਰਿਤ ਕੀਤਾ ਜਾਣਾ ਚਾਹੀਦਾ ਹੈ ਤਾਂ ਜੋ ਪੀਏਯੂ ਵਿੱਚ ਉਪਲਬਧ ਸ਼ਾਨਦਾਰ ਅਕਾਦਮਿਕ, ਖੋਜ ਅਤੇ ਕਰੀਅਰ ਦੇ ਮੌਕਿਆਂ ਬਾਰੇ ਚਾਹਵਾਨ ਵਿਦਿਆਰਥੀਆਂ ਵਿੱਚ ਵਧੇਰੇ ਜਾਗਰੂਕਤਾ ਪੈਦਾ ਕੀਤੀ ਜਾ ਸਕੇ।

ਮੀਟਿੰਗ ਡਾ: ਅਜਿੰਦਰ ਕੌਰ, ਪ੍ਰਿੰਸੀਪਲ ਬਾਇਓਟੈਕਨਾਲੋਜਿਸਟ ਦੁਆਰਾ ਪ੍ਰਸਤਾਵਿਤ ਧੰਨਵਾਦ ਦੇ ਮਤੇ ਨਾਲ ਸਮਾਪਤ ਹੋਈ, ਜਿਸ ਤੋਂ ਬਾਅਦ ਕਮੇਟੀ ਮੈਂਬਰਾਂ ਨੇ ਵਿਭਾਗ ਦੀਆਂ ਖੋਜ ਪ੍ਰਯੋਗਸ਼ਾਲਾਵਾਂ ਅਤੇ ਹੋਰ ਸਹੂਲਤਾਂ ਦਾ ਦੌਰਾ ਕੀਤਾ।

## ਜ਼ਿਲ੍ਹਾ ਪਟਿਆਲਾ ' ਚ 17 ਬੈਂਚਾਂ ਵੱਲੋਂ 532 ਚੈਕ ਬਾਊਂਸ ਕੇਸਾਂ ਦੀ ਸੁਣਵਾਈ

### 74 ਕੇਸਾਂ ਦਾ ਆਪਸੀ ਸਹਿਮਤੀ ਨਾਲ ਨਿਪਟਾਰਾ

ਵਰਲਡ ਪੰਜਾਬੀ ਟਾਈਮਜ਼



ਪਟਿਆਲਾ 18 ਜੁਲਾਈ:ਰਾਸ਼ਟਰੀ ਕਾਨੂੰਨੀ ਸੇਵਾਵਾਂ ਅਥਾਰਟੀ ਅਤੇ ਪੰਜਾਬ ਸਟੇਟ ਲੀਗਲ ਸੇਵਾਵਾਂ ਅਥਾਰਟੀ, ਐੱਸ ਏ ਐੱਸ ਨਗਰ ਦੇ ਨਿਰਦੇਸ਼ਾਂ ਅਨੁਸਾਰ, 18 ਜੁਲਾਈ ਨੂੰ ਜਿਲ੍ਹਾ ਪਟਿਆਲਾ ਵਿੱਚ ਨੈਗੋਸ਼ੀਏਬਲ ਇੰਸਟ੍ਰੂਮੈਂਟ ਐਕਟ, 1881 ਦੇ ਕੇਸਾਂ ਨਾਲ ਸੰਬੰਧਿਤ ਵਿਸ਼ੇਸ਼ ਲੋਕ ਅਦਾਲਤ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਤੇ ਜ਼ਿਲ੍ਹਾ ਪਟਿਆਲਾ ਵਿੱਚ 17 ਬੈਂਚਾਂ ( 02 ਪਟਿਆਲਾ ਵਿੱਚ, 06 ਰਾਜਪੁਰਾ ਵਿੱਚ, 04 ਨਾਭਾ ਵਿੱਚ ਅਤੇ 05 ਸਮਾਣਾ ਵਿੱਚ ) ਦਾ ਗਠਨ ਕੀਤਾ ਗਿਆ ।

ਇਸ ਲੋਕ ਅਦਾਲਤ ਦੌਰਾਨ 532 ਚੈਕ ਬਾਊਂਸ ਕੇਸਾਂ ਦੀ ਸੁਣਵਾਈ ਕੀਤੀ ਗਈ ਅਤੇ ਕੁੱਲ 74 ਕੇਸਾਂ ਦਾ ਆਪਸੀ ਸਹਿਮਤੀ ਨਾਲ ਨਿਪਟਾਰਾ ਕੀਤਾ ਗਿਆ ਅਤੇ 30170062/- ਰੁਪਏ ਦੇ ਅਵਾਰਡ ਪਾਸ ਕੀਤੇ ਗਏ ।

ਇਸ ਨੈਸ਼ਨਲ ਲੋਕ ਅਦਾਲਤ ਦੌਰਾਨ ਮੈਡਮ ਸ਼ਿਲਪੀ ਗੁਪਤਾ, ਇੰਚਾਰਜ ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਪਟਿਆਲਾ ਨੇ ਇਸ ਨੈਸ਼ਨਲ ਲੋਕ ਅਦਾਲਤ ਦੇ ਬੈਂਚਾਂ ਦਾ ਦੌਰਾ ਕੀਤਾ ਅਤੇ ਧਿਰਾਂ ਨੂੰ ਆਪੋ-ਆਪਣੇ ਝਗੜਿਆਂ ਦਾ ਨਿਪਟਾਰਾ ਆਪਸੀ ਸਹਿਮਤੀ ਨਾਲ ਕਰਨ ਲਈ ਪ੍ਰੇਰਿਤ ਕੀਤਾ ਅਤੇ ਲੋਕ ਅਦਾਲਤਾਂ ਦੇ ਬਹੁਤ ਸਾਰੇ ਫਾਇਦਿਆਂ ਬਾਰੇ ਚਾਨਣਾ ਪਾਇਆ। ਉਨ੍ਹਾਂ ਨੇ ਜ਼ੋਰ ਦੇ ਕੇ ਕਿਹਾ ਕਿ ਇੱਕ ਵਾਰ ਲੋਕ ਅਦਾਲਤ ਵਿੱਚ ਕੇਸ ਦਾ ਨਿਪਟਾਰਾ ਹੋ ਜਾਣ ਤੋਂ ਬਾਅਦ, ਇਸਦਾ ਫੈਸਲਾ ਅੰਤਿਮ ਬਣ ਜਾਂਦਾ ਹੈ ਅਤੇ ਇਸਦੀ ਅਪੀਲ ਨਹੀਂ ਕੀਤੀ ਜਾ ਸਕਦੀ। ਇਸ ਤੋਂ ਇਲਾਵਾ, ਪਾਰਟੀਆਂ ਦੁਆਰਾ ਪਹਿਲਾਂ ਅਦਾ ਕੀਤੀ ਕੋਈ ਵੀ ਅਦਾਲਤੀ ਫੀਸ ਵਾਪਸ ਕਰ ਦਿੱਤੀ ਜਾਂਦੀ ਹੈ। ਇਹ ਪ੍ਰਕਿਰਿਆ ਸ਼ਾਮਲ ਧਿਰਾਂ ਦੀਆਂ ਆਪਸੀ ਸਹਿਮਤੀ ਵਾਲੀਆਂ ਸ਼ਰਤਾਂ ਦੇ ਅਨੁਸਾਰ, ਝਗੜਿਆਂ ਦੇ ਤੇਜ਼ੀ ਨਾਲ ਹੱਲ ਨੂੰ ਯਕੀਨੀ ਬਣਾਉਂਦੀ ਹੈ, ਜਿਸ ਨਾਲ ਸਾਰਿਆਂ ਲਈ ਇੱਕ ਲਾਹੇਵੰਦ ਨਤੀਜਾ ਨਿਕਲਦਾ ਹੈ। ਲੋਕ ਅਦਾਲਤਾਂ ਦਾ ਮੁੱਢਲਾ ਟੀਚਾ ਸਮਝੌਤੇ ਰਾਹੀਂ ਸੁਖਾਵੇਂ ਮਾਹੌਲ ਨੂੰ ਉਤਸ਼ਾਹਿਤ ਕਰਨਾ ਹੈ, ਅੰਤ ਵਿੱਚ ਸਮੇਂ, ਪੈਸੇ ਦੀ ਬਚੱਤ ਕਰਨਾ ਅਤੇ ਝਗੜੇ ਵਾਲੀਆਂ ਧਿਰਾਂ ਵਿਚਕਾਰ ਨਿੱਜੀ ਦੁਸ਼ਮਣੀ ਨੂੰ ਘਟਾਉਣਾ ਹੈ।

## ਪੀ.ਏ.ਯੂ. ਵਿਖੇ ਐੱਨ ਸੀ ਸੀ ਕੈਡਿਟਾਂ ਨੇ ਯੁਵਾ ਮੁਹਾਰਤ ਦਿਵਸ ਮਨਾਇਆ

ਵਰਲਡ ਪੰਜਾਬੀ ਟਾਈਮਜ਼

ਲੁਧਿਆਣਾ 18 ਜੁਲਾਈ : ਪੀ.ਏ.ਯੂ. ਦੇ ਸਕਿੱਲ ਡਿਵੈਲਪਮੈਂਟ ਸੈਂਟਰ ਵਿਖੇ ਐੱਨ ਸੀ ਸੀ ਕੈਡਿਟਾਂ ਦੀ 19ਵੀਂ ਪੰਜਾਬ ਬਟਾਲੀਅਨ ਨੇ ਵਿਸ਼ਵ ਯੁਵਾ ਮੁਹਾਰਤ ਦਿਵਸ ਮਨਾਇਆ। ਇਸ ਦੌਰਾਨ ਐੱਨ ਸੀ ਸੀ ਕੈਡਿਟ ਸਕਿੱਲ ਡਿਵੈਲਪਮੈਂਟ ਸੈਂਟਰ ਦਾ ਦੌਰਾ ਕਰਕੇ ਵਿਦਿਆਰਥੀਆਂ ਦੇ ਮੁਹਾਰਤ ਵਿਕਾਸ ਲਈ ਕਾਰਜਾਂ ਦਾ ਜਾਇਜ਼ਾ ਲੈਣ ਪੁੱਜੇ।




ਵਾਈਸ ਚਾਂਸਲਰ ਡਾ. ਸਤਿਬੀਰ ਸਿੰਘ ਗੋਸਲ ਨੇ ਐੱਨ ਸੀ ਸੀ ਯੂਨਿਟ ਵੱਲੋਂ ਕੀਤੇ ਜਾ ਰਹੇ ਕਾਰਜਾਂ ਦੀ ਸ਼ਲਾਘਾ ਕਰਦਿਆਂ ਵਿਦਿਆਰਥੀਆਂ ਨੂੰ ਅੱਜ ਦੇ ਯੁੱਗ ਦੀਆਂ ਲੋੜਾਂ ਨਾਲ ਜੋੜਨ ਲਈ ਹੋਰ ਸੰਜੀਦਾ ਕਾਰਜਾਂ ਉੱਪਰ ਜ਼ੋਰ ਦਿੱਤਾ।

ਨਿਰਦੇਸ਼ਕ ਵਿਦਿਆਰਥੀ ਭਲਾਈ ਡਾ. ਕਮਲਜੀਤ ਸਿੰਘ ਸੂਰੀ ਨੇ ਕਿਹਾ ਕਿ ਅੱਜ ਦਾ ਯੁੱਗ ਗਿਆਨ ਦੇ ਨਾਲ-ਨਾਲ ਮੁਹਾਰਤ ਦਾ ਯੁੱਗ ਵੀ ਹੈ। ਵਿਦਿਆਰਥੀਆਂ ਨੂੰ ਪੇਸ਼ੇਵਰ ਵਿਕਾਸ ਲਈ ਆਪਣੀ ਸਮਰਥਾ ਵਿਚ ਵਾਧਾ ਕਰਨ ਦੀ ਲੋੜ ਹੈ।

ਸਕਿੱਲ ਡਿਵੈਲਪਮੈਂਟ ਦੇ ਸਹਿਯੋਗੀ ਨਿਰਦੇਸ਼ਕ ਡਾ. ਰੁਪਿੰਦਰ ਕੌਰ ਨੇ ਮੁਹਾਰਤ ਵਿਕਾਸ ਲਈ ਪੀ.ਏ.ਯੂ. ਵੱਲੋਂ ਕੀਤੇ ਜਾ ਰਹੇ ਕਾਰਜਾਂ ਦੀ ਜਾਣਕਾਰੀ ਦਿੱਤੀ। ਪਾਬੀ ਦੇ ਮੁੱਖ ਕਾਰਜਕਾਰੀ ਅਧਿਕਾਰੀ ਇੰਜ. ਕਰਨਬੀਰ ਸਿੰਘ ਗਿੱਲ ਨੇ ਪਾਬੀ ਦੀ ਕਾਰਜ ਵਿਧੀ ਬਾਰੇ ਵੀ ਚਾਨਣਾ ਪਾਇਆ। ਇਸ ਮੌਕੇ ਐੱਨ ਸੀ ਸੀ ਦੇ ਡਾ. ਗੁਰਲਾਲ ਸਿੰਘ ਨੇ ਕਿਹਾ ਕਿ ਇਸ ਦੌਰੇ ਨੇ ਵਿਦਿਆਰਥੀਆਂ ਨੂੰ ਬੇਹੱਦ ਗਿਆਨ ਭਰਪੂਰ ਤਜਰਬਿਆਂ ਨਾਲ ਜੋੜਿਆ ਹੈ।

## ਸੁਖਜੀਤ ਢਿੱਲਵਾਂ ਦੇ 'ਪੇਡਾ' ਦੇ ਵਾਇਸ ਚੇਅਰਮੈਨ ਬਣਨ 'ਤੇ ਡਾ. ਹਰਪਾਲ ਢਿੱਲਵਾਂ ਨੇ ਮੂੰਹ ਮਿੱਠਾ ਕਰਵਾ ਕੇ ਕੀਤਾ ਵਿਸ਼ੇਸ਼ ਸਨਮਾਨ

ਵਰਲਡ ਪੰਜਾਬੀ ਟਾਈਮਜ਼ ਟਿੰਕੂ ਕੁਮਾਰ

ਕੋਟਕਪੂਰਾ, 18 ਜੁਲਾਈ : ਇੰਜੀ. ਸੁਖਜੀਤ ਸਿੰਘ ਢਿੱਲਵਾਂ ਨੂੰ ਪੰਜਾਬ ਸਰਕਾਰ ਵੱਲੋਂ ਪੰਜਾਬ ਅਨਰਜੀ ਡਿਵੈਲਪਮੈਂਟ ਏਜੰਸੀ (ਸ਼ਥਣ) ਦਾ ਵਾਇਸ ਚੇਅਰਮੈਨ ਨਿਯੁਕਤ ਕੀਤੇ ਜਾਣ 'ਤੇ ਇਲਾਕੇ ਦੇ ਪਾਰਟੀ ਆਗੂਆਂ ਅਤੇ ਵਰਕਰਾਂ ਵਿੱਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ।ਇਸ ਖ਼ੁਸ਼ੀ ਦੇ ਮੌਕੇ 'ਤੇ ਅੱਜ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਡਾ. ਹਰਪਾਲ ਸਿੰਘ ਢਿੱਲਵਾਂ ਵੱਲੋਂ



ਸੁਖਜੀਤ ਸਿੰਘ ਢਿੱਲਵਾਂ ਦਾ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ ਅਤੇ ਮੂੰਹ ਮਿੱਠਾ ਕਰਵਾ ਕੇ ਵਧਾਈ ਦਿੱਤੀ ਗਈ।ਇਸ ਮੌਕੇ ਵਿਸ਼ੇਸ਼ ਤੌਰ 'ਤੇ ਪਹੁੰਚੇ ਡਾ. ਹਰਪਾਲ ਸਿੰਘ ਢਿੱਲਵਾਂ (ਨੈਸ਼ਨਲ ਐਵਾਰਡੀ, ਡਬਲ ਐਮ.ਏ., ਬੀ.ਐਡ., ਐਮ.ਐਡ., ਐਮ.ਫਿਲ., ਪੀ.ਐਚ.ਡੀ.), ਸਾਬਕਾ ਜ਼ਿਲ੍ਹਾ ਸਿੱਖਿਆ ਅਫ਼ਸਰ ਅਤੇ ਜ਼ਿਲ੍ਹਾ ਸਕੱਤਰ ਆਮ ਆਦਮੀ ਪਾਰਟੀ ਫ਼ਰੀਦਕੋਟ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਧੰਨਵਾਦ ਕਰਦਿਆਂ ਆਖਿਆ ਕਿ ਭਗਵੰਤ ਸਿੰਘ ਮਾਨ ਸਰਕਾਰ ਨੇ ਚੋਣਾਂ ਦੌਰਾਨ ਲੋਕਾਂ ਨਾਲ ਜੋ ਵੀ ਗਾਰੰਟੀਆਂ ਅਤੇ ਵਾਅਦੇ ਕੀਤੇ ਸਨ, ਉਹ ਸਾਰੇ ਇੱਕ-ਇੱਕ ਕਰਕੇ ਪੂਰੇ ਕਰ ਦਿੱਤੇ ਹਨ।ਉਹਨਾਂ ਉਮੀਦ ਜਤਾਈ ਕਿ ਇੰਜੀ. ਸੁਖਜੀਤ ਸਿੰਘ ਢਿੱਲਵਾਂ ਨੂੰ ਸਰਕਾਰ ਨੇ ਜੋ ਨਵੀਂ ਅਤੇ ਅਹਿਮ ਜ਼ਿੰਮੇਵਾਰੀ ਸੌਂਪੀ ਹੈ, ਉਹ ਉਸ ਨੂੰ ਤਨਦੇਹੀ, ਇਮਾਨਦਾਰੀ ਅਤੇ ਤਨੋ-ਮਨੋ ਨਿਭਾਉਂਦੇ ਹੋਏ ਲੋਕਾਂ ਦੀ ਸੇਵਾ ਕਰਨਗੇ।ਇਸ ਸਨਮਾਨ ਸਮਾਰੋਹ ਦੌਰਾਨ ਹੋਰਨਾਂ ਤੋਂ ਇਲਾਵਾ ਜਸਮੇਲ ਸਿੰਘ ਬਰਾੜ, ਗੋਰਾ ਸਿੰਘ, ਹਰਜਿੰਦਰ ਸਿੰਘ ਢਿੱਲਵਾਂ ਅਤੇ ਤੇਜਵਿੰਦਰ ਸਿੰਘ ਵੀ ਮੁੱਖ ਰੂਪ ਵਿੱਚ ਹਾਜ਼ਰ ਸਨ, ਜਿੰਨਾਂ ਨੇ ਇੰਜੀ. ਸੁਖਜੀਤ ਸਿੰਘ ਢਿੱਲਵਾਂ ਨੂੰ ਸਨਮਾਨਿਤ ਕਰਦਿਆਂ ਆਪਣੀਆਂ ਸ਼ੁਭਕਾਮਨਾਵਾਂ ਦਿੱਤੀਆਂ।ਇਸ ਸਮੇਂ ਮਨਜੀਤ ਸ਼ਰਮਾ (ਜ਼ਿਲ੍ਹਾ ਜਨਰਲ ਸਕੱਤਰ ਸੋਸ਼ਲ ਮੀਡੀਆ) ਅਤੇ ਜਸਵਿੰਦਰ ਸਿੰਘ ਬੱਬੂ (ਹਲਕਾ ਕੋਆਰਡੀਨੇਟਰ) ਨੇ ਵੀ ਨਵ-ਨਿਯੁਕਤ ਵਾਇਸ ਚੇਅਰਮੈਨ ਇੰਜੀ. ਸੁਖਜੀਤ ਸਿੰਘ ਢਿੱਲਵਾਂ ਨੂੰ ਵਧਾਈ ਦਿੱਤੀ ਅਤੇ ਪਾਰਟੀ ਹਾਈਕਮਾਂਡ ਦਾ ਧੰਨਵਾਦ ਕੀਤਾ।

## ਅਜਗਰ



ਵਰਲਡ ਪੰਜਾਬੀ ਟਾਈਮਜ਼
ਗੁਰਭਜਨ ਗਿੱਲ

ਅੱਖਾਂ ਭਾਂਬੜ ਮੂੰਹ ਵਿਚ ਅੱਗ ਹੈ ।
ਜ਼ਹਿਰੀ ਚਿਹਰਾ ਝੱਗੋ ਝੱਗ ਹੈ ।
ਅਜਗਰ ਵੇਖੋ !
ਜੰਗਲ ਵਿਚ ਦਹਾੜਦਾ ਹੈ ।
ਕੁੱਲ ਆਲਮ ਨੂੰ
ਹਰ ਪਲ ਸੂਲ਼ੀ ਚਾੜ੍ਹਦਾ ਹੈ ।

ਧਰਤੀ ਦੀ ਕੁਖ਼ ਵਿਚ ਵੀ,
ਇਹ ਹਥਿਆਰ ਧਰੇ ।
ਅੰਬਰ ਵਿਚ ਮਿਜ਼ਾਈਲਾਂ,
ਮਾਰੋ ਮਾਰ ਕਰੇ ।
ਫੁੱਲ ਪੱਤੀਆਂ ਨੂੰ
ਅੱਡੀਆਂ ਹੇਠ ਲਿਤਾੜਦਾ ਹੈ ।
ਕੁੱਲ ਆਲਮ ਨੂੰ,
ਹਰ ਪਲ ਸੂਲੀ ਚਾੜ੍ਹਦਾ ਹੈ ।

ਅਮਨ ਚੈਨ ਦੇ ਅਰਥਾਂ ਨੂੰ
ਤਬਦੀਲ ਕਰੇ ।
ਆਪਣੀ ਮੁੱਛ ਦੀ ਖ਼ਾਤਰ
ਲੋਕ ਜ਼ਲੀਲ ਕਰੇ ।
ਕੌਡਾ ਰਾਖਸ਼,
ਤੇਲ ਕੜਾਹੇ ਚਾੜ੍ਹਦਾ ਹੈ ।
ਅਜਗਰ ਵੇਖੋ!
ਜੰਗਲ ਵਿਚ ਦਹਾੜਦਾ ਹੈ ।

ਪਾਣੀ ਪੌਣ ਧਰਤ ਨੂੰ,
ਲਾਲੋ ਲਾਲ ਕਰੇ ।
ਅਜਬ ਕਸਾਈ ਸੁਪਨੇ
ਫੜੇ, ਹਲਾਲ ਕਰੇ ।
ਉੱਡਣੇ ਪੰਛੀ,
ਪਿੰਜਰਿਆਂ ਵਿਚ ਤਾੜਦਾ ਹੈ ।
ਅਗਨ-ਦਰਿੰਦਾ
ਜੰਗਲ ਵਿਚ ਦਹਾੜਦਾ ਹੈ ।

ਹਰੇ ਕਚੂਰ ਦਰਖ਼ਤੀਂ,
ਪੱਤੇ ਛਾਣਨੀਆਂ ।
ਕਾਲਾ ਅੰਬਰ,
ਲੁਕੀਆਂ ਰਾਤਾਂ ਚਾਨਣੀਆਂ ।
ਧਰਮ ਕਰਮ ਦੇ ਵਰਕੇ,
ਬਾਂਦਰ ਪਾੜਦਾ ਹੈ ।
ਅਗਨ ਦਰਿੰਦਾ ਜੰਗਲ ਵਿਚ ਦਹਾੜਦਾ ਹੈ ।

ਦੂਜੇ ਦੇ ਘਰ ਝਾਕੇ,
ਚੰਦਰੀ ਵਾਦੀ ਹੈ ।
ਲੋਕ ਰਾਜ ਦਾ ਜਾਪ,
ਕਰੇ ਬਰਬਾਦੀ ਹੈ ।
ਸੁਪਨ ਪੰਘੂੜੇ,
ਅਗਨੀ ਦੇ ਵਿਚ ਸਾੜਦਾ ਹੈ ।

ਆਦਮ ਖਾਣਾ ਜੰਤੂ,
ਜਦ ਸਾਹ ਭਰਦਾ ਹੈ ।
ਮੁਲਕ ਸਬੂਤੇ,
ਵਿਚ ਜਬਾੜੇ ਧਰਦਾ ਹੈ ।
ਤਪਦੀ ਲੋਹ ’ਤੇ,
ਕੋਮਲ ਜ਼ਿੰਦਾਂ ਸਾੜਦਾ ਹੈ ।

ਵੀਤਨਾਮ ਤੋਂ ਤੁਰਿਆ,
ਪਹੁੰਚ ਇਰਾਕ ਗਿਆ ।
ਉਹੀ ਬੂਟਾ ਸੁੱਕਿਆ,
ਜਿੱਧਰ ਝਾਕ ਗਿਆ ।
ਗੁੰਡਾ ਗਰਦੀ ਕਰਦਾ,
ਨਾਲੇ ਤਾੜਦਾ ਹੈ ।
ਅਗਨ ਦਰਿੰਦਾ
ਜੰਗਲ ਵਿਚ ਦਹਾੜਦਾ ਹੈ ।

ਕੁੱਲ ਦੁਨੀਆਂ ਦੇ
ਮਾਲ ਖ਼ਜ਼ਾਨੇ ਲੁੱਟਦਾ ਹੈ ।
ਜਿਹੜਾ ਅੱਗੋਂ ਬੋਲੇ
ਦੱਬ ਕੇ ਕੁੱਟਦਾ ਹੈ ।
ਹੰਕਾਰੀ ਦੇ ਵਾਂਗੂੰ,
ਫਿਰੇ ਚੰਗਿਆੜਦਾ ਹੈ ।
ਅਗਨ ਦਰਿੰਦਾ
ਜੰਗਲ ਵਿਚ ਦਹਾੜਦਾ ਹੈ ।

ਅੱਥਰੇ ਘੋੜੇ ਦੀ ਹੁਣ,
ਕਿਹੜਾ ਵਾਗ ਫੜੇ?
ਮਾਰ ਪਲਾਕੀ ਜੋ ਹੁਣ,
ਇਹਦੀ ਕੰਡ ਚੜ੍ਹੇ ।
ਸਾਡੀਆਂ ਫ਼ਸਲਾਂ,
ਜਿਹੜਾ ਫਿਰੇ ਉਜਾੜਦਾ ਹੈ ।
ਅਗਨ ਦਰਿੰਦਾ
ਜੰਗਲ ਵਿਚ ਦਹਾੜਦਾ ਹੈ।

## ਸਰਵੇਲੈਂਸ ਟੀਮ ਵੱਲੋਂ ਵੱਖ-ਵੱਖ ਪਿੰਡਾਂ ਵਿੱਚ ਬੀਜੇ ਨਰਮੇ ਦੇ ਖੇਤਾਂ ਦਾ ਕੀਤਾ ਗਿਆ ਨਿਰੀਖਣ

### ਕਿਸਾਨ ਨਰਮੇ ਵਾਲੇ ਖੇਤਾਂ ਦਾ ਲਗਾਤਾਰ ਨਿਰੀਖਣ ਕਰਨ : ਮੁੱਖ ਖੇਤੀਬਾੜੀ ਅਫਸਰ

ਵਰਲਡ ਪੰਜਾਬੀ ਟਾਈਮਜ਼
ਟਿੰਕੂ ਕੁਮਾਰ



ਕੋਟਕਪੂਰਾ, 18 ਜੁਲਾਈ : ਮੁੱਖ ਖੇਤੀਬਾੜੀ ਅਫਸਰ ਡਾ. ਗੁਰਪ੍ਰੀਤ ਸਿੰਘ ਜੀ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਬਲਾਕ ਕੋਟਕਪੂਰਾ ਦੀ ਸਰਵੇਲੈਂਸ ਟੀਮ ਵੱਲੋਂ ਕੋਟਕਪੂਰਾ ਅਤੇ ਜੈਤੋ ਦੇ ਵੱਖ ਵੱਖ ਪਿੰਡਾਂ ਵਿੱਚ ਬੀਜੇ ਨਰਮੇ ਦੇ ਖੇਤਾਂ ਦਾ ਨਿਰੀਖਣ ਕੀਤਾ ਗਿਆ। ਸਰਵੇਲੈਂਸ ਟੀਮ ਵਿੱਚ ਬਲਾਕ ਖੇਤੀਬਾੜੀ ਅਫਸਰ ਡਾ. ਗੁਰਪ੍ਰੀਤ ਸਿੰਘ, ਡਾ. ਸਤਬੀਰ ਸਿੰਘ ਏਡੀਓ ਟਰੇਨਿੰਗ ਅਤੇ ਡਾ. ਗੁਰਮਘਰ ਸਿੰਘ ਏਡੀਓ ਸ਼ਾਮਲ ਸਨ। ਡਾ. ਗੁਰਪ੍ਰੀਤ ਸਿੰਘ ਵੱਲੋਂ ਕਿਸਾਨਾਂ ਨੂੰ ਅਪੀਲ ਕੀਤੀ ਗਈ, ਜੋ ਆਪਣੇ ਨਰਮੇ ਵਾਲੇ ਖੇਤਾਂ ਦਾ ਲਗਾਤਾਰ ਨਰੀਖਣ ਕਰਦੇ ਰਹਿਣ, ਕਿਉਂਕਿ ਪਿਛਲੇ ਕੁਝ ਦਿਨਾਂ ਤੋਂ ਫਰੀਦਕੋਟ ਜ਼ਿਲ੍ਹੇ ਵਿੱਚ ਮੀਂਹ ਨਾ ਪੈਣ ਕਰਕੇ ਮੌਸਮ ਬਹੁਤ ਜਿਆਦਾ ਖੁਸ਼ਕ ਚੱਲ ਰਿਹਾ ਹੈ, ਜਿਸ ਕਾਰਨ ਨਰਮੇ ‘ਤੇ ਚਿੱਟੀ ਮੱਖੀ ਅਤੇ ਹਰੇ ਤੇਲੇ ਦਾ ਹਮਲਾ ਵਧ ਗਿਆ ਹੈ। ਕਿਸਾਨਾਂ ਨੂੰ ਜਾਗਰੂਕ ਕੀਤਾ ਜਾਂਦਾ ਹੈ ਕਿ ਉਹ ਆਪਣੇ ਨਰਮੇ ਵਾਲੇ ਖੇਤਾਂ ਦਾ ਸੁਬਹਾ 10:00 ਵਜੇ ਤੋਂ ਪਹਿਲਾਂ ਲਗਭਗ 10 ਬੂਟਿਆਂ ਦੇ ਉੱਪਰਲੇ ਹਿੱਸੇ ਵਿੱਚੋਂ ਪੂਰੇ ਖੁੱਲੇ ਪੱਤਿਆਂ ਦੇ ਹੇਠਲੇ ਹਿੱਸੇ ਦਾ ਸਰਵੇ ਕਰਨ ਅਤੇ ਜੇ ਚਿੱਟੀ ਮੱਖੀ ਪ੍ਰਤੀ ਪੱਤਾ 6 ਤੋਂ ਵੱਧ ਹੈ ਤਾਂ ਕਿਸਾਨ ਇਸ ਦੀ ਰੋਕਥਾਮ ਲਈ ਸਿਫਾਰਿਸ ਅਨੁਸਾਰ ਸਪਰੇ ਕਰਨ। ਹਰੇ ਤੇਲੇ ਸਬੰਧੀ ਜੇ 50 ਪ੍ਰਤੀਸ਼ਤ ਬੂਟਿਆਂ ਵਿੱਚ ਪੂਰੇ ਬਣ ਚੁੱਕੇ ਪੱਤੇ ਕਿਨਾਰਿਆਂ ਤੋਂ ਪੀਲੇ ਪੈ ਜਾਣ ਤਾਂ ਹੀ ਸਪਰੇਅ ਕਰਨੀ ਚਾਹੀਦੀ ਹੈ। ਜਿਵੇਂ ਕਿ ਇਕ ਕਿੱਲੇ ਲਈ ਓਲਾਲਾ 80 ਗ੍ਰਾਮ, ਉਸੀਨ 60 ਗ੍ਰਾਮ (ਇਹ ਦੋਵੇਂ ਦਵਾਈਆਂ ਹਰੇ ਤੇਲੇ ਦੀ ਵੀ ਰੋਕਥਾਮ ਕਰਦੀਆਂ ਹਨ) ਸਫ਼ੀਨਾ 400 ਐਮ ਐਲ ਅਤੇ ਕਲਾਸਟੋ 200 ਗ੍ਰਾਮ, ਪ੍ਰਤੀ ਕਿੱਲਾ 100 ਤੋਂ 150 ਲੀਟਰ ਪਾਣੀ ਵਰਤਿਆ ਜਾਵੇ। ਡਾ. ਗੁਰਪ੍ਰੀਤ ਸਿੰਘ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਆਪਣੀ ਨਰਮੇ ਵਾਲੇ ਖੇਤਾਂ ਨੂੰ ਔੜ ਨਾ ਆਉਣ ਦੇਣ ਔੜ ਨਾਲ ਚਿੱਟੀ ਮੱਖੀ ਅਤੇ ਹਰੇ ਤੇਲੇ ਦਾ ਹਮਲਾ ਵੱਧਦਾ ਹੈ। ਇਸ ਕਰਕੇ ਕਿਸਾਨ ਨਰਮੇ ਵਾਲੇ ਖੇਤਾਂ ਨੂੰ ਪਾਣੀ ਦਿੰਦੇ ਰਹਿਣ।

## ਪੀ.ਏ.ਯੂ. ਵਿਖੇ ਰਾਜ ਪੱਧਰੀ ਭਾਰਤੀ ਭਾਸ਼ਾ ਪੁਸਤਕ ਯੋਜਨਾ ਵਰਕਸ਼ਾਪ ਆਯੋਜਿਤ ਹੋਈ

ਵਰਲਡ ਪੰਜਾਬੀ ਟਾਈਮਜ਼

ਲੁਧਿਆਣਾ 18 ਜੁਲਾਈ : ਪੀ.ਏ.ਯੂ. ਦੇ ਖੇਤੀ ਪੱਤਰਕਾਰੀ, ਭਾਸ਼ਾਵਾਂ ਅਤੇ ਸੱਭਿਆਚਾਰ ਵਿਭਾਗ ਨੇ ਭਾਰਤ ਸਰਕਾਰ ਦੇ ਸਿੱਖਿਆ ਮੰਤਰਾਲੇ ਦੀ ਭਾਰਤੀ ਭਾਸ਼ਾ ਸਮਿਤੀ ਦੇ ਸਹਿਯੋਗ ਨਾਲ ਰਾਜ ਪੱਧਰੀ ਭਾਰਤੀ ਭਾਸ਼ਾ ਪੁਸਤਕ ਯੋਜਨਾ ਵਰਕਸ਼ਾਪ ਆਯੋਜਿਤ ਕੀਤੀ। ਇਸ ਵਿਚ 200 ਤੋਂ ਵਧੇਰੇ ਡੈਲੀਗੇਟ ਸਮੁੱਚੇ ਰਾਜ ਤੋਂ ਸ਼ਾਮਿਲ ਹੋਏ। ਇਸ ਵਰਕਸ਼ਾਪ ਦਾ ਆਯੋਜਨ ਰਾਸ਼ਟਰੀ ਸਿੱਖਿਆ ਨੀਤੀ ਨੂੰ ਵਿਚਾਰਨ ਅਤੇ ਉਸ ਬਾਰੇ ਜਾਗਰੂਕਤਾ ਦੇ ਪਸਾਰ ਦੇ ਉਦੇਸ਼ ਨਾਲ ਕੀਤਾ ਗਿਆ। ਵੱਖ-ਵੱਖ ਯੂਨੀਵਰਸਿਟੀਆਂ ਵਿਚ ਹੋਣ ਵਾਲੇ ਰਾਜ ਪੱਧਰੀ ਪ੍ਰੋਗਰਾਮਾਂ ਦਾ ਸਮਾਪਨ ਵੀ ਇਸ ਵਰਕਸ਼ਾਪ ਨਾਲ ਹੋਇਆ।



ਵਰਕਸ਼ਾਪ ਦੌਰਾਨ ਭਾਰਤੀ ਭਾਸ਼ਾ ਪੁਸਤਕ ਯੋਜਨਾ ਤਹਿਤ ਰਾਸ਼ਟਰੀ ਸਿੱਖਿਆ ਨੀਤੀ ਬਾਰੇ ਵਿਚਾਰ-ਚਰਚਾ ਦਾ ਹਿੱਸਾ ਬਣਨ ਲਈ ਵੱਖ-ਵੱਖ ਧਿਰਾਂ ਦੇ ਲੋਕ ਸ਼ਾਮਿਲ ਹੋਏ।

ਮੁੱਖ ਮਹਿਮਾਨ ਵਜੋਂ ਸ਼ਾਮਿਲ ਹੋਏ ਹਿਮਾਚਲ ਯੂਨੀਵਰਸਿਟੀ ਸ਼ਿਮਲਾ ਦੇ ਖੇਤੀ ਵਿਗਿਆਨ ਖੋਜ ਕੇਂਦਰ ਦੇ ਨਿਰਦੇਸ਼ਕ ਪ੍ਰੋ. ਸੁਰੇਂਦਰ ਕੁਮਾਰ ਨੇ ਰਾਸ਼ਟਰੀ ਸਿੱਖਿਆ ਨੀਤੀ 2020 ਦੇ ਮੁੱਖ ਨੁਕਤਿਆਂ ਉੱਪਰ ਚਾਨਣਾ ਪਾਇਆ। ਇਸ ਦੌਰਾਨ ਉਹਨਾਂ ਨੇ ਨੀਤੀ ਦੀ ਬਹੁਭਾਸ਼ਾਵਾਦੀ ਪਹੁੰਚ ਬਾਰੇ ਗੱਲ ਕਰਦਿਆਂ ਕਿਹਾ ਕਿ ਇਸ ਨਾਲ ਭਾਰਤੀ ਭਾਸ਼ਾਵਾਂ ਦੇ ਅਕਾਦਮਿਕ ਵਿਕਾਸ ਦਾ ਰਾਹ ਪੱਧਰਾ ਹੋਵੇਗਾ ਅਤੇ ਵਿਦਿਆਰਥੀ ਦੀ ਸਰਵਪੱਖੀ ਤਰੱਕੀ ਸੰਭਵ ਹੋ ਸਕੇਗੀ। ਨਾਲ ਹੀ ਉਹਨਾਂ ਨੇ ਅਧਿਆਪਕਾਂ ਅਤੇ ਖੋਜੀਆਂ ਲਈ ਇਸ ਨੀਤੀ ਦੇ ਲਾਭ ਗਿਣਾਏ।

ਮੁੱਖ ਮਹਿਮਾਨ ਵਜੋਂ ਸ਼ਾਮਿਲ ਹੋਏ ਪੀ.ਏ.ਯੂ. ਦੇ ਵਾਈਸ ਚਾਂਸਲਰ ਡਾ. ਸਤਿਬੀਰ ਸਿੰਘ ਗੋਸਲ ਨੇ ਕਿਹਾ ਕਿ ਵਿਗਿਆਨ ਦੇ ਵਿਦਿਆਰਥੀਆਂ ਲਈ ਵੀ ਭਾਸ਼ਾ ਦੀ ਜਾਣਕਾਰੀ ਲਾਜ਼ਮੀ ਹੈ। ਪਰ ਨਾਲ ਹੀ ਉਹਨਾਂ ਨੇ ਭਾਸ਼ਾਵਾਂ ਨੂੰ ਅਕਾਦਮਿਕ ਸਿਖਲਾਈ ਵਜੋਂ ਰੁਜ਼ਗਾਰ ਅਤੇ ਮੁਹਾਰਤ ਵਿਕਾਸ ਦਾ ਹਿੱਸਾ ਬਨਾਉਣ ਦੀ ਵਕਾਲਤ ਕੀਤੀ। ਡਾ. ਗੋਸਲ ਨੇ ਕਿਹਾ ਕਿ ਨਵੀਂ ਸਿੱਖਿਆ ਨੀਤੀ ਵਿਚ ਇਸ ਪੱਖ ਤੋਂ ਜ਼ਿਕਰਯੋਗ ਕਾਰਜ ਕੀਤਾ ਗਿਆ ਹੈ। ਇਸ ਦੌਰਾਨ ਉਨ੍ਹਾਂ ਨੇ ਪਾਠ ਪੁਸਤਕਾਂ ਦੇ ਮਿਆਰੀ ਸੰਪਾਦਨ ਦੀ ਲੋੜ ਤੇ ਜ਼ੋਰ ਦਿੱਤਾ ਅਤੇ ਕਿਹਾ ਕਿ ਅੰਤਰ-ਅਨੁਸ਼ਾਸਨੀ ਪਹੁੰਚ ਨਾਲ ਦੇਸ਼ ਦੀਆਂ ਯੁਵਾ ਪੀੜੀਆਂ ਨੂੰ ਤਰੱਕੀ ਵੱਲ ਤੋਰਿਆ ਜਾ ਸਕੇਗਾ।

ਭਾਰਤੀ ਭਾਸ਼ਾ ਪੁਸਤਕ ਯੋਜਨਾ ਦੇ ਨੋਡਲ ਸੰਚਾਲਕ ਡਾ. ਵਿਸ਼ਾਲ ਸ਼ਰਮਾ ਨੇ ਵੀ ਇਸ ਯੋਜਨਾ ਦੀ ਵਿਉਂਤਬੰਦੀ ਅਤੇ ਆਸ਼ਿਆਂ ਸੰਬੰਧੀ ਚਾਨਣਾ ਪਾਇਆ।

ਬੇਸਿਕ ਸਾਇੰਸਜ਼ ਕਾਲਜ ਤੋਂ ਡਾ. ਨੀਨਾ ਸਿੰਗਲਾ ਨੇ ਸਵਾਗਤ ਦੇ ਸ਼ਬਦ ਬੋਲਦਿਆਂ ਵਿਦਿਆਰਥੀਆਂ ਦੇ ਬੌਧਿਕ ਵਿਕਾਸ ਲਈ ਭਾਰਤੀ ਭਾਸ਼ਾ ਪੁਸਤਕ ਯੋਜਨਾ ਦੇ ਨੈਤਿਕ ਮੁੱਲ ਵਿਧਾਨ ਦੀ ਸ਼ਲਾਘਾ ਕੀਤੀ। ਉਹਨਾਂ ਇਸ ਗੱਲ ਲਈ ਦੇਸ਼ ਦੇ ਸਿੱਖਿਆ ਮੰਤਰਾਲੇ ਦਾ ਧੰਨਵਾਦ ਕੀਤਾ ਕਿ ਪੀ.ਏ.ਯੂ. ਨੂੰ ਇਸ ਸਮਾਰੋਹ ਦੀ ਮੇਜ਼ਬਾਨੀ ਦਿੱਤੀ ਗਈ ਹੈ।

ਇਸ ਤੋਂ ਪਹਿਲਾਂ ਖੇਤੀ ਪੱਤਰਕਾਰੀ, ਭਾਸ਼ਾਵਾਂ ਅਤੇ ਸੱਭਿਆਚਾਰ ਵਿਭਾਗ ਦੇ ਮੁਖੀ ਡਾ. ਸ਼ੀਤਲ ਥਾਪਰ ਨੇ ਇਸ ਸਮਾਰੋਹ ਦੇ ਮੰਤਵ ਉਘਾੜੇ। ਉਹਨਾਂ ਕਿਹਾ ਕਿ ਇਸ ਨਾਲ ਵਿਦਿਆਰਥੀਆਂ ਵਿਚ ਨਾ ਸਿਰਫ ਅਕਾਦਮਿਕ ਬਲਕਿ ਵੱਖ-ਵੱਖ ਵਿਸ਼ਿਆਂ ਦੀ ਪੁਸਤਕਾਂ ਪੜ੍ਹਨ ਅਤੇ ਸ਼ਬਦ ਗਿਆਨ ਨਾਲ ਜੁੜਨ ਦਾ ਉਤਸ਼ਾਹ ਪੈਦਾ ਹੋਵੇਗਾ।

ਵਿਚਾਰ-ਚਰਚਾ ਸ਼ੈਸਨ ਦੌਰਾਨ ਵੱਖ-ਵੱਖ ਧਿਰਾਂ ਨੇ ਨਵੀਂ ਸਿੱਖਿਆ ਨੀਤੀ ਅਤੇ ਅਜੋਕੇ ਸਮਾਰੋਹ ਦੀ ਸਾਰਥਕਤਾ ਬਾਰੇ ਵਿਚਾਰ-ਚਰਚਾ ਕੀਤੀ। ਯੂਨੀਵਰਸਿਟੀ ਦੇ ਵੱਖ-ਵੱਖ ਵਿਭਾਗਾਂ ਦੇ ਮਾਹਿਰ ਇਸ ਸਮਾਰੋਹ ਦੌਰਾਨ ਹਾਜ਼ਰ ਰਹੇ।

ਅੰਤ ਵਿਚ ਧੰਨਵਾਦ ਦੇ ਸ਼ਬਦ ਰਾਮਗੜ੍ਹੀਆਂ ਕਾਲਜ ਆਫ ਐਜੂਕੇਸ਼ਨ ਦੇ ਡਾ. ਯੋਗੇਸ਼ ਸ਼ਰਮਾ ਨੇ ਕਹੇ।

## ਮਿਸ਼ਨ ਕਲੀਨ ਪਟਿਆਲਾ’ ਤਹਿਤ ਪੀਆਰਟੀਸੀ ਪਰਿਵਾਰ ਦੀ ਸਰਗਰਮ ਭਾਗੀਦਾਰੀ

### -ਸਾਫ਼-ਸੁਥਰਾ ਪਟਿਆਲਾ ਸਾਡੀ ਸਾਰਿਆਂ ਦੀ ਸਾਂਝੀ ਜ਼ਿੰਮੇਵਾਰੀ : ਐਡਵੋਕੇਟ ਹਰਪਾਲ ਜੁਨੇਜਾ

ਵਰਲਡ ਪੰਜਾਬੀ ਟਾਈਮਜ਼



ਪਟਿਆਲਾ, 18 ਜੁਲਾਈ:ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਵੱਲੋਂ ਜ਼ਿਲ੍ਹਾ ਪ੍ਰਸ਼ਾਸਨ ਅਤੇ ਨਗਰ ਨਿਗਮ ਪਟਿਆਲਾ ਦੇ ਸਹਿਯੋਗ ਨਾਲ ‘ਮਿਸ਼ਨ ਕਲੀਨ ਪਟਿਆਲਾ’ ਤਹਿਤ ਨਾਭਾ ਰੋਡ ਵਿਖੇ ਕੀਤੀ ਸਫ਼ਾਈ ਮੁਹਿੰਮ ਵਿੱਚ ਪੀਆਰਟੀਸੀ ਪਰਿਵਾਰ ਨੇ ਉਤਸ਼ਾਹਪੂਰਵਕ ਭਾਗ ਲੈਂਦਿਆਂ ਇਸ ਲੋਕ-ਹਿੱਤਕਾਰੀ ਅਭਿਆਨ ਨੂੰ ਭਰਪੂਰ ਸਹਿਯੋਗ ਦਿੱਤਾ।

ਇਸ ਸਫ਼ਾਈ ਮੁਹਿੰਮ ਵਿੱਚ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਦੀ ਚੇਅਰਪਰਸਨ ਸ੍ਰੀਮਤੀ ਰੀਨਾ ਗੁਪਤਾ, ਨਗਰ ਨਿਗਮ ਪਟਿਆਲਾ ਦੀ ਕਮਿਸ਼ਨਰ ਸ੍ਰੀਮਤੀ ਪੂਜਾ ਸਿਆਲ ਗਰੇਵਾਲ, ਮੈਂਬਰ ਸਕੱਤਰ ਡਾ. ਲਵਨੀਤ ਦੂਬੇ, ਵੱਖ-ਵੱਖ ਸਰਕਾਰੀ ਵਿਭਾਗਾਂ ਦੇ ਅਧਿਕਾਰੀਆਂ ਦੇ ਨਾਲ-ਨਾਲ ਸਮਾਜ ਸੇਵੀ ਸੰਸਥਾ “ਮੇਰਾ ਪਟਿਆਲਾ ਮੈਂ ਹੀ ਸਵਾਰਾਂ” ਦੇ ਮੈਂਬਰਾਂ ਨੇ ਵੀ ਉਤਸ਼ਾਹ ਨਾਲ ਸ਼ਮੂਲੀਅਤ ਕੀਤੀ। ਇਸ ਮੌਕੇ ਬੱਚਿਆਂ, ਨੌਜਵਾਨਾਂ, ਬਜ਼ੁਰਗਾਂ ਅਤੇ ਮਹਿਲਾਵਾਂ ਸਮੇਤ ਸਮਾਜ ਦੇ ਹਰ ਵਰਗ ਦੇ ਲੋਕਾਂ ਨੇ ਵੱਡੀ ਗਿਣਤੀ ਵਿੱਚ ਹਿੱਸਾ ਲੈ ਕੇ ਸਫ਼ਾਈ ਪ੍ਰਤੀ ਆਪਣੀ ਜਾਗਰੂਕਤਾ ਅਤੇ ਸਮਾਜਿਕ ਜ਼ਿੰਮੇਵਾਰੀ ਦਾ ਪ੍ਰਗਟਾਵਾ ਕੀਤਾ।

ਪੀਆਰਟੀਸੀ ਦੇ ਚੇਅਰਮੈਨ ਐਡਵੋਕੇਟ ਹਰਪਾਲ ਜੁਨੇਜਾ ਅਤਿ ਜ਼ਰੂਰੀ ਕਾਰਨਾਂ ਕਰਕੇ ਇਸ ਮੁਹਿੰਮ ਵਿੱਚ ਨਿੱਜੀ ਤੌਰ ‘ਤੇ ਸ਼ਾਮਲ ਨਹੀਂ ਹੋ ਸਕੇ। ਉਨ੍ਹਾਂ ਵੱਲੋਂ ਆਪਣੇ ਪੁੱਤਰ ਯੁਵਰਾਜ ਜੁਨੇਜਾ ਨੂੰ ਵਿਸ਼ੇਸ਼ ਤੌਰ ‘ਤੇ ਇਸ ਮੁਹਿੰਮ ਵਿੱਚ ਸ਼ਮੂਲੀਅਤ ਕਰਨ ਲਈ ਭੇਜਿਆ ਗਿਆ। ਯੁਵਰਾਜ ਜੁਨੇਜਾ ਨੇ ਪੀਆਰਟੀਸੀ ਦੇ ਸਮੂਹ ਅਧਿਕਾਰੀਆਂ, ਕਰਮਚਾਰੀਆਂ ਅਤੇ ਵਰਕਸ਼ਾਪ ਸਟਾਫ਼ ਨਾਲ ਮਿਲ ਕੇ ਇਸ ਲੋਕ-ਭਲਾਈ ਦੇ ਅਭਿਆਨ ਵਿੱਚ ਵੱਧ-ਚੜ੍ਹ ਕੇ ਹਿੱਸਾ ਲਿਆ ਅਤੇ ਆਲੇ-ਦੁਆਲੇ ਦੇ ਖੇਤਰ ਦੀ ਸਫ਼ਾਈ ਕਰਕੇ ਵਾਤਾਵਰਣ ਸੁਰੱਖਿਆ ਪ੍ਰਤੀ ਆਪਣੀ ਵਚਨਬੱਧਤਾ ਦਾ ਪ੍ਰਗਟਾਵਾ ਕੀਤਾ।

ਸਵੇਰੇ 8:00 ਵਜੇ ਤੋਂ 10:00 ਵਜੇ ਤੱਕ ਪੀਆਰਟੀਸੀ ਦੇ ਮੁੱਖ ਦਫ਼ਤਰ (ਵਰਕਸ਼ਾਪ), ਨਾਭਾ ਰੋਡ ਦੇ ਬਾਹਰ ਪੀਆਰਟੀਸੀ ਦੀ ਸਮੁੱਚੀ ਟੀਮ ਨੇ ਸਫ਼ਾਈ ਮੁਹਿੰਮ ਵਿੱਚ ਸਰਗਰਮ ਭੂਮਿਕਾ ਨਿਭਾਉਂਦਿਆਂ ਸਾਫ਼-ਸੁਥਰੇ, ਸੁੰਦਰ ਅਤੇ ਵਾਤਾਵਰਣ-ਅਨੁਕੂਲ ਪਟਿਆਲਾ ਬਣਾਉਣ ਲਈ ਆਪਣਾ ਯੋਗਦਾਨ ਪਾਇਆ।

ਇਸ ਮੌਕੇ ਐਡਵੋਕੇਟ ਹਰਪਾਲ ਜੁਨੇਜਾ ਨੇ ਆਪਣੇ ਸੰਦੇਸ਼ ਵਿੱਚ ਕਿਹਾ, “ਸਾਫ਼-ਸੁਥਰਾ ਸ਼ਹਿਰ ਸਿਰਫ਼ ਸਰਕਾਰ ਦੀ ਨਹੀਂ, ਸਗੋਂ ਹਰ ਨਾਗਰਿਕ ਦੀ ਸਾਂਝੀ ਜ਼ਿੰਮੇਵਾਰੀ ਹੈ। ਜਦੋਂ ਸਰਕਾਰੀ ਸੰਸਥਾਵਾਂ, ਸਮਾਜਿਕ ਸੰਗਠਨ, ਵਿਦਿਆਰਥੀ ਅਤੇ ਆਮ ਲੋਕ ਇਕਜੁੱਟ ਹੋ ਕੇ ਅਜਿਹੀਆਂ ਮੁਹਿੰਮਾਂ ਨਾਲ ਜੁੜਦੇ ਹਨ ਤਾਂ ਸਮਾਜ ਵਿੱਚ ਸਕਾਰਾਤਮਕ ਬਦਲਾਅ ਦੀ ਮਜ਼ਬੂਤ ਨੀਂਹ ਪੈਂਦੀ ਹੈ। ਸਾਨੂੰ ਆਪਣੇ ਆਲੇ-ਦੁਆਲੇ ਦੀ ਸਫ਼ਾਈ ਨੂੰ ਰੋਜ਼ਾਨਾ ਦੀ ਆਦਤ ਬਣਾਉਣਾ ਚਾਹੀਦਾ ਹੈ, ਤਾਂ ਜੋ ਆਉਣ ਵਾਲੀਆਂ ਪੀੜ੍ਹੀਆਂ ਨੂੰ ਇੱਕ ਸਾਫ਼, ਸਿਹਤਮੰਦ ਅਤੇ ਹਰਿਆ-ਭਰਿਆ ਵਾਤਾਵਰਣ ਮਿਲ ਸਕੇ।”

ਉਨ੍ਹਾਂ ਨੇ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ, ਜ਼ਿਲ੍ਹਾ ਪ੍ਰਸ਼ਾਸਨ, ਨਗਰ ਨਿਗਮ ਪਟਿਆਲਾ ਅਤੇ ਇਸ ਮੁਹਿੰਮ ਵਿੱਚ ਭਾਗ ਲੈਣ ਵਾਲੀਆਂ ਸਾਰੀਆਂ ਸੰਸਥਾਵਾਂ ਅਤੇ ਨਾਗਰਿਕਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਪੀਆਰਟੀਸੀ ਪਰਿਵਾਰ ਭਵਿੱਖ ਵਿੱਚ ਵੀ ਲੋਕ-ਹਿੱਤ, ਸਫ਼ਾਈ ਅਤੇ ਵਾਤਾਵਰਣ ਸੁਰੱਖਿਆ ਨਾਲ ਸਬੰਧਤ ਹਰ ਮੁਹਿੰਮ ਵਿੱਚ ਪੂਰੇ ਸਮਰਪਣ ਅਤੇ ਜ਼ਿੰਮੇਵਾਰੀ ਨਾਲ ਆਪਣਾ ਯੋਗਦਾਨ ਦਿੰਦਾ ਰਹੇਗਾ।